# ਫਰੀਦਕੋਟ ਪੁਲਸ ਨੂੰ ਮਿਲੀ ਸਫ਼ਲਤਾ, ਸਵਾ 2 ਕਰੋੜ ਦੀ ਡਰੱਗ ਮਨੀ ਤੇ ਹੈਰੋਇਨ ਸਮੇਤ 4 ਗ੍ਰਿਫ਼ਤਾਰ

ਫਰੀਦਕੋਟ ਪੁਲਸ ਵੱਲੋਂ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਣ ਦੇ ਮਕਸਦ ਨਾਲ ਸ਼ੁਰੂ ਕੀਤੇ ਗਏ ਸਰਚ ਅਭਿਆਨ ਤਹਿਤ ਅੱਜ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ ਵਿੱਚ ਇੱਕ ਔਰਤ ਸਮੇਤ ਕੁੱਲ ਚਾਰ ਵਿਅਕਤੀਆਂ ਨੂੰ ਹੈਰੋਇਨ ਅਤੇ ਨਸ਼ੀਲੇ ਪਦਾਰਥਾਂ ਸਮੇਤ ਕਾਬੂ ਕੀਤਾ ਗਿਆ। ਪਹਿਲੇ ਮਾਮਲੇ 'ਚ ਪੁਲਸ ਟੀਮ ਗਸ਼ਤ ਦੌਰਾਨ ਭੋਲੂਵਾਲਾ ਰੋਡ 'ਤੇ ਮੌਜੂਦ ਸੀ। ਇਸ ਦੌਰਾਨ ਉਨ੍ਹਾਂ ਇਕ ਨੌਜਵਾਨ ਨੂੰ ਕਾਬੂ ਕਰ ਕੇ ਪੁੱਛਗਿੱਛ ਕੀਤੀ ਤਾਂ ਉਸ ਨੇ ਆਪਣਾ ਨਾਂ ਚੰਦਨ ਕੁਮਾਰ ਉਰਫ ਚੰਦੂ ਪੁੱਤਰ ਰਾਮ ਪੁਨੀਤ ਵਾਸੀ ਬਿਹਾਰ ਦੱਸਿਆ। ਜਿਸ ਤੋਂ ਬਾਅਦ ਉਕਤ ਦੋਸ਼ੀ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ 6 ਗ੍ਰਾਮ ਹੈਰੋਇਨ, ਇਕ ਕੰਪਿਊਟਰ ਕੰਡਾ ਅਤੇ 1 ਲੱਖ 59 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਇਸ ਤੋਂ ਇਲਾਵਾ ਪੁੱਛਗਿੱਛ ਦੇ ਆਧਾਰ 'ਤੇ ਦੋ ਹੋਰ ਮੁਲਜ਼ਮਾਂ ਦਲਜੀਤ ਸਿੰਘ ਅਤੇ ਉਸ ਦੀ ਮਾਤਾ ਰਾਜ ਕੌਰ ਨੂੰ 59 ਗ੍ਰਾਮ ਹੈਰੋਇਨ ਅਤੇ 66 ਰੁਪਏ ਦੀ ਡਰੱਗ ਮਨੀ ਸਮੇਤ ਕਾਬੂ ਕੀਤਾ ਗਿਆ।